**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਿਖੀ ਰਾਮ, (98788-04573)
ਪੁੱਤਰ ਸ਼੍ਰੀ ਲੇਖਾ ਰਾਮ ਰਾਣਾ
ਵਾਸੀ ਪਿੰਡ ਤੇ ਡਾਕਖਾਨਾ ਸਮਰਾੜੀ,
ਤਹਿਸੀਲ ਫਿਲੌਰ,
ਜ਼ਿਲ੍ਹਾ ਜਲੰਧਰ। ........ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ,
ਜਲੰਧਰ। ........ ਉੱਤਰਦਾਤਾ

**ਸ਼ਿਕਾਇਤ ਕੇਸ ਨੰ:1214 ਆਫ਼ 2018**

**ਹਾਜ਼ਰ:-**
1) ਸ਼੍ਰੀ ਰਿਖੀ ਰਾਮ, ਸ਼ਿਕਾਇਤਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸੁਖਦੇਵ ਸਿੰਘ, ਸਮਾਜਿਕ ਸਿੱਖਿਆ ਤੇ ਪੰਚਾਇਤ ਅਫਸਰ (97800-77581)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ,2005 ਅਧੀਨ ਇਕ ਬਿਨੈ ਪੱਤਰ ਮਿਤੀ 04-09-2018, ਲੋਕ ਸੂਚਨਾ ਅਧਿਕਾਰੀ ਦਫਤਰ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ, ਜਲੰਧਰ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਨੇ ਆਪਣੇ ਬਿਨੈ-ਪੱਤਰ, ਮਿਤੀ 21-07-2018 ਤੇ ਕੀਤੀ ਗਈ ਕਾਰਵਾਈ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 26-11-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਗਈ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 03-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 05-02-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਸੁਖਦੇਵ ਸਿੰਘ, ਸਮਾਜਿਕ ਸਿੱਖਿਆ ਤੇ ਪੰਚਾਇਤ ਅਫਸਰ ਨੇ ਕਿਹਾ ਹੈ ਕਿ ਉਨ੍ਹਾਂ ਵੱਲੋਂ ਦਫ਼ਤਰ ਦੇ ਰਿਕਾਰਡ ਮੁਤਾਬਿਕ ਸ਼ਿਕਾਇਤਕਰਤਾ ਨੂੰ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ ਅਤੇ ਸ਼ਿਕਾਇਤਕਰਤਾ ਦੇ ਘਰ ਦੇ ਗੰਦੇ ਪਾਣੀ ਦਾ ਨਿਕਾਸ ਵੀ ਕਰਵਾ ਦਿੱਤਾ ਗਿਆ ਹੈ। ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:201, ਮਿਤੀ 27-03-2019 ਰਾਹੀਂ ਵੀ ਕਮਿਸ਼ਨ ਨੂੰ ਸੂਚਿਤ ਕੀਤਾ ਹੋਇਆ ਹੈ।

3. ਸ਼ਿਕਾਇਤਕਰਤਾ ਨੇ ਮੰਨਿਆ ਹੈ ਕਿ ਉਸ ਦੇ ਘਰ ਦੇ ਗੰਦੇ ਪਾਣੀ ਦੇ ਨਿਕਾਸ ਦਾ ਮਸਲਾ ਹੱਲ ਹੋ ਗਿਆ ਹੈ ਪਰੰਤੂ ਉਸ ਨੇ ਇਹ ਵੀ ਕਿਹਾ ਹੈ ਕਿ ਉਸ ਨੂੰ ਸੂਚਨਾ ਅਧੂਰੀ ਅਤੇ ਲੇਟ ਦਿੱਤੀ ਗਈ ਹੈ।

4. ਦਫ਼ਤਰੀ ਰਿਕਾਰਡ ਨੂੰ ਘੋਖਣ ਤੇ ਇਹ ਪਾਇਆ ਗਿਆ ਹੈ ਕਿ ਸ਼ਿਕਾਇਤਕਰਤਾ ਵੱਲੋਂ ਮਿਤੀ 04-09-2018 ਨੂੰ ਆਰ.ਟੀ.ਆਈ. ਅਰਜ਼ੀ ਦਾਇਰ ਕੀਤੀ ਗਈ ਸੀ ਪਰੰਤੂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਉਸ ਨੂੰ 2 ਮਹੀਨੇ ਤੋਂ ਵੀ ਵੱਧ ਸਮਾਂ ਬੀਤ ਜਾਣ ਤੋਂ ਬਾਅਦ ਮਿਤੀ 19-11-2018 ਨੂੰ ਅਧੂਰੀ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਸ਼ਿਕਾਇਤ ਕੇਸ ਨੰ:1214 ਆਫ਼ 2018**

ਸੂਚਨਾ ਮੁਹੱਈਆ ਕਰਵਾਈ ਗਈ ਹੈ ਜਦੋਂ ਕਿ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਮੁਤਾਬਿਕ ਸ਼ਿਕਾਇਤਕਰਤਾ ਨੂੰ 30 ਦਿਨਾਂ ਤੇ ਅੰਦਰ-ਅੰਦਰ ਸੂਚਨਾ ਦੇਣੀ ਬਣਦੀ ਸੀ। ਇਸ ਤਰ੍ਹਾਂ ਕਰਕੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸੂਚਨਾ ਦਾ ਅਧਿਕਾਰ ਐਕਟ, 2005 ਦੀ ਘੋਰ ਉਲੰਘਣਾ ਕੀਤੀ ਗਈ ਹੈ, ਜਿਸ ਦੇ ਫਲਸਰੂਪ ਸ਼ਿਕਾਇਤਕਰਤਾ ਨੂੰ ਮਾਨਸਿਕ ਅਤੇ ਆਰਥਿਕ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ ਹੈ।

5. ਉਪਰੋਕਤ ਪੈਰ੍ਹਾ 3 ਅਤੇ 4 ਵਿੱਚ ਦਰਸਾਈ ਗਈ ਸਥਿਤੀ ਦੇ ਸਨਮੁੱਖ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਦੀ ਆਰ.ਟੀ.ਆਈ. ਸਬੰਧੀ ਵਿਸਥਾਰ-ਪੂਰਵਕ ਜਵਾਬ ਰਜਿਸਟਰਡ ਡਾਕ ਰਾਹੀਂ ਸ਼ਿਕਾਇਤਕਰਤਾ ਨੂੰ ਭੇਜਿਆ ਜਾਵੇ ਅਤੇ ਸੂਚਨਾ ਦਾ ਅਧਿਕਾਰ ਐਕਟ, 2005 ਦੀ ਧਾਰਾ 19(8)(ਅ) ਤਹਿਤ ਮੁਆਵਜ਼ੇ ਵਜੋਂ 5000/-ਰੁਪਏ (ਕੇਵਲ ਪੰਜ ਹਜ਼ਾਰ ਰੁਪਏ) ਦੀ ਰਾਸ਼ੀ ਦੀ ਸ਼ਿਕਾਇਤਕਰਤਾ ਨੂੰ ਬੈਂਕ ਡਰਾਫ਼ਟ ਰਾਹੀਂ ਮਹਿਕਮੇ ਦੇ ਖਾਤੇ ਵਿੱਚੋਂ ਅਦਾਇਗੀ ਕਰਕੇ ਅਦਾਇਗੀ ਸਬੰਧੀ ਰਸੀਦ ਵੀ ਕਮਿਸ਼ਨ ਨੂੰ ਭੇਜੀ ਜਾਵੇ। ਇਸ ਹਦਾਇਤ ਦੇ ਨਾਲ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ**

**ਮਿਤੀ, ਚੰਡੀਗੜ੍ਹ, 29 ਮਈ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸੁਦਰਸ਼ਨ ਕੁਮਾਰ ਜੱਗਾ, (94179-29931)
ਪੁੱਤਰ ਸ਼੍ਰੀਅਮਰ ਚੰਦ ਜੱਗਾ,
531/3, ਸ਼ਹੀਦ ਊਧਮ ਸਿੰਘ ਨਗਰ,
ਮਲੋਟ ਮੰਡੀ-152107,
ਜ਼ਿਲਾ ਸ੍ਰੀ ਮੁਕਤਸਰ ਸਾਹਿਬ। ........ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਬਲਾਕ ਵਿਕਾਸ ਪੰਚਾਇਤ ਅਫਸਰ,
ਮਲੋਟ, ਸ੍ਰੀ ਮੁਕਤਸਰ ਸਾਹਿਬ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ,
ਮਲੋਟ, ਸ੍ਰੀ ਮੁਕਤਸਰ ਸਾਹਿਬ। ........ ਉੱਤਰਦਾਤਾ

**ਸ਼ਿਕਾਇਤ ਕੇਸ ਨੰ:1215 ਆਫ਼ 2018**

**ਹਾਜ਼ਰ:-**
1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਹਰਪ੍ਰੀਤ ਸ਼ਰਮਾ, ਜ਼ਿਲ੍ਹਾ ਸਮਾਜਿਕ ਆਡਿਟ ਕੋਆਰਡੀਨੇਟਰ (95014-11988)।

**ਹੁਕਮ:**

ਪਿਛਲੀ ਪੇਸ਼ੀ, ਮਿਤੀ 10-04-2019 ਤੇ ਹਾਜ਼ਰ ਉੱਤਰਦਾਤਾ ਸ਼੍ਰੀ ਯਾਦਵਿੰਦਰ ਸਿੰਘ, ਗਰਾਮ ਸੇਵਕ ਵੱਲੋਂ ਸ਼ਿਕਾਇਤਕਰਤਾ ਨੂੰ ਮੁਆਵਜ਼ੇ ਵਜੋਂ 3000/-ਰੁਪਏ (ਕੇਵਲ ਤਿੰਨ ਹਜ਼ਾਰ ਰੁਪਏ) ਦੀ ਨਕਦ ਅਦਾਇਗੀ ਕਰ ਦਿੱਤੀ ਗਈ ਸੀ ਅਤੇ 23 ਪਿੰਡਾਂ ਨਾਲ ਸਬੰਧਤ ਸੂਚਨਾ ਵੀ ਦੇ ਦਿੱਤੀ ਗਈ ਸੀ। ਉਸ ਵੱਲੋਂ ਇਹ ਵੀ ਦੱਸਿਆ ਗਿਆ ਸੀ ਕਿ ਸ਼ਿਕਾਇਤਕਰਤਾ ਨੂੰ 05 ਪਿੰਡਾਂ ਨਾਲ ਸਬੰਧਤ ਸੂਚਨਾ ਪਹਿਲਾਂ ਦਿੱਤੀ ਜਾ ਚੁੱਕੀ ਹੈ, ਅਤੇ ਬਾਕੀ ਰਹਿੰਦੀ ਸੂਚਨਾ ਸ਼ਿਕਾਇਤਕਰਤਾ ਨੂੰ ਜਲਦੀ ਦੇ ਦਿੱਤੀ ਜਾਵੇਗੀ। ਇਸ ਕਰਕੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਸੂਚਨਾ ਦਾ ਅਧਿਕਾਰ ਐਕਟ, 2005 ਦੀ ਧਾਰਾ 19(8)(ਅ) ਤਹਿਤ ਸਰਕਾਰੀ ਖਜ਼ਾਨੇ ਵਿੱਚੋਂ ਮੁਆਵਜ਼ੇ ਵਜੋਂ 3000/-ਰੁਪਏ (ਕੇਵਲ ਤਿੰਨ ਹਜ਼ਾਰ ਰੁਪਏ) ਦੀ ਰਾਸ਼ੀ ਦੀ ਸ਼੍ਰੀ ਯਾਦਵਿੰਦਰ ਸਿੰਘ, ਗਰਾਮ ਸੇਵਕ ਨੂੰ ਬੈਂਕ ਡਰਾਫ਼ਟ ਰਾਹੀਂ ਅਦਾਇਗੀ ਕਰ ਦਿੱਤੀ ਜਾਵੇ। ਇਸ ਤੋਂ ਇਲਾਵਾ ਇਹ ਵੀ ਹਦਾਇਤ ਕੀਤੀ ਗਈ ਸੀ ਕਿ ਸ਼ਿਕਾਇਤਕਰਤਾ ਨੂੰ ਬਾਕੀ ਰਹਿੰਦੀ ਸੂਚਨਾ ਵੀ ਜਲਦੀ ਮੁਹੱਈਆ ਕਰਵਾ ਦਿੱਤੀ ਜਾਵੇ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 29-05-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਆਪਣੇ ਪੱਤਰ, ਮਿਤੀ 27-05-2019 ਰਾਹੀਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਉਸ ਨੂੰ ਬਾਕੀ ਰਹਿੰਦੀ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ ਜਿਸ ਕਰਕੇ ਉਸ ਵੱਲੋਂ ਜੁਰਮਾਨੇ ਅਤੇ ਹਰਜਾਨੇ ਦੀ ਮੰਗ ਕੀਤੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਹਰਪ੍ਰੀਤ ਸ਼ਰਮਾ, ਜ਼ਿਲ੍ਹਾ ਸਮਾਜਿਕ ਆਡਿਟ ਕੋਆਰਡੀਨੇਟਰ ਨੇ ਕਿਹਾ ਹੈ ਕਿ ਲੋਕ ਸਭਾ ਚੋਣਾਂ ਦੇ ਕੰਮ ਵਿੱਚ ਰੁੱਝੇ ਹੋਣ ਕਾਰਨ ਸ਼ਿਕਾਇਤਕਰਤਾ ਨੂੰ ਬਾਕੀ ਰਹਿੰਦੀ ਸੂਚਨਾ ਮੁਹੱਈਆ ਨਹੀਂ ਕਰਵਾਈ ਜਾ ਸਕੀ। ਇਸ ਕਰਕੇ ਹਾਜ਼ਰ ਉੱਤਰਦਾਤਾ ਵੱਲੋਂ ਸ਼ਿਕਾਇਤਕਰਤਾ ਨੂੰ ਇੱਕ ਹਫ਼ਤੇ ਦੇ ਅੰਦਰ-ਅੰਦਰ ਬਾਕੀ ਰਹਿੰਦੀ ਸੂਚਨਾ ਮੁਹੱਈਆ ਕਰਵਾਉਣ ਦਾ ਭਰੋਸਾ ਦਿੰਦੇ ਹੋਏ ਕੁੱਝ ਸਮੇਂ ਦੀ ਮੰਗ ਕੀਤੀ ਗਈ ਹੈ। ਹਾਜ਼ਰ ਉੱਤਰਦਾਤਾ ਦੀ ਬੇਨਤੀ ਅਨੁਸਾਰ ਇਹ ਕੇਸ **ਅਗਲੀ ਸੁਣਵਾਈ ਮਿਤੀ 10-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ, ਚੰਡੀਗੜ੍ਹ, 29 ਮਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਕਮਲਪ੍ਰੀਤ ਸਿੰਘ (98723-25686)
1340ਠ ਬਸੰਤ ਸਿਟੀ, ਥਰੀਕੇ,
ਡਾਕਖਾਨਾ ਦਾਦ, ਪੱਖੋਵਾਲ ਰੋਡ,
ਲੁਧਿਆਣਾ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪ੍ਰਿੰਸੀਪਲ,
ਸਰਕਾਰੀ ਕਾਲਿਜ (ਲੜਕੀਆਂ),
ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਪ੍ਰਿੰਸੀਪਲ,
ਸਰਕਾਰੀ ਕਾਲਿਜ (ਲੜਕੀਆਂ),
ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ:4272 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਤੇਜਿੰਦਰ ਸਿੰਘ, ਐਡਵੋਕੇਟ (90410-04313)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 28-04-2018, ਲੋਕ ਸੂਚਨਾ ਅਧਿਕਾਰੀ ਦਫਤਰ ਪ੍ਰਿੰਸੀਪਲ, ਸਰਕਾਰੀ ਕਾਲਿਜ (ਲੜਕੀਆਂ), ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਕਾਲਿਜ ਵੱਲੋਂ ਮਿਤੀ 01-01-2008 ਤੋਂ ਲੈ ਕੇ 08-03-2018 ਤੱਕ ਰਾਜ ਸਰਕਾਰ ਜਾਂ ਕੇਂਦਰੀ ਸਰਕਾਰ ਕੋਲੋ ਪ੍ਰਾਪਤ ਕੀਤੀਆਂ ਗਈਆਂ ਸਾਰੀਆਂ ਵਿੱਤੀ ਗਰਾਂਟਾਂ/ਸਬਸਿਡੀਜ਼/ਚੈਰਿਟੀਜ਼ ਅਤੇ ਉਨ੍ਹਾਂ ਦੀ ਅਲਾਟਮੈਂਟ ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 20-07-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 11-12-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 08-01-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 12-02-2019 ਨੂੰ ਸਵੇਰੇ 11:30 ਵਜੇ ਲਈ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਤੇਜਿੰਦਰ ਸਿੰਘ, ਐਡਵੋਕੇਟ ਨੇ ਕਿਹਾ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਉਸ ਨੂੰ ਪਹਿਲਾਂ ਹੀ ਭੇਜੀ ਜਾ ਚੁੱਕੀ ਹੈ। ਇਸ ਤੋਂ ਇਲਾਵਾ ਉੱਤਰਦਾਤਾ ਵੱਲੋਂ ਹਾਜ਼ਰ ਨੁਮਾਇੰਦੇ ਨੇ ਪੱਤਰ ਨੰ:3763-64, ਮਿਤੀ 06-05-2019 ਅਤੇ ਪੱਤਰ ਨੰ:3834, ਮਿਤੀ 14-05-2019 ਸਮੇਤ ਸੂਚਨਾ, ਜੋ ਕਿ ਅਪੀਲਕਰਤਾ ਨੂੰ ਸੰਬੋਧਿਤ ਹਨ, ਦੀਆਂ ਕਾਪੀਆਂ ਪੇਸ਼ ਕਰਦੇ ਹੋਏ ਕਿ ਕਿਹਾ ਹੈ ਕਿ ਅਪੀਲਕਰਤਾ ਨੂੰ ਵਿਸਥਾਰ-ਪੂਰਵਕ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



ਕੀਤੀਆਂ ਗਈਆਂ ਪੱਤਰਾਂ ਦੀਆਂ ਕਾਪੀਆਂ ਮਿਸਲ ਤੇ ਰੱਖ ਲਈਆਂ ਗਈਆਂ ਹਨ।

3. ਅਪੀਲਕਰਤਾ ਅੱਜ ਫਿਰ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਆਪਣੀ ਈ.ਮੇਲ., ਮਿਤੀ 29-05-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਉਸ ਦੀ ਬਲੈਕ ਲਿਸਟਿੰਗ ਵਾਲਾ ਕੇਸ ਸਿਵਲ ਸੂਟ ਨੰ:2083 ਆਫ਼ 2015 ਵਿੱਚ ਕਾਨੂੰਨੀ ਅਦਾਲਤ ਵੱਲੋਂ ਰੱਦ ਕਰ ਦਿੱਤਾ ਗਿਆ ਹੈ। ਅਪੀਲਕਰਤਾ ਨੇ ਦੱਸਿਆ ਹੈ ਕਿ ਉੱਤਰਦਾਤਾ ਵੱਲੋਂ ਅਜੇ ਤੱਕ ਉਸ ਨੂੰ ਕੋਈ ਵੀ ਸੂਚਨਾ ਨਹੀਂ ਦਿੱਤੀ ਗਈ। ਇਸ ਤੋਂ ਇਲਾਵਾ ਉਸ ਵੱਲੋਂ ਇਹ ਵੀ ਕਿਹਾ ਗਿਆ ਹੈ ਕਿ ਉਸ ਵੱਲੋਂ ਇਸ ਬੈਂਚ ਕੋਲੋਂ ਆਪਣਾ ਕੇਸ ਤਬਦੀਲ ਕਰਾਉਣ ਲਈ ਕੀਤੀ ਗਈ ਸ਼ਿਕਾਇਤ ਕੇਸ ਦੀ ਸਟੇਟਸ ਰਿਪੋਰਟ ਵੀ ਅਜੇ ਲੰਬਿਤ ਹੈ ਜਿਸ ਕਰਕੇ ਉਹ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋ ਸਕਦਾ। ਇਸ ਲਈ ਅਪੀਲਕਰਤਾ ਵੱਲੋਂ ਬੇਨਤੀ ਕੀਤੀ ਗਈ ਹੈ ਕਿ ਇਨਸਾਫ ਦੇ ਹਿੱਤ ਵਿੱਚ ਇਹ ਕੇਸ ਪੇਸ਼ੀ ਦੀ ਅਗਲੀ ਮਿਤੀ ਲਈ ਮੁਲਤਵੀ ਕੀਤਾ ਜਾਵੇ।

4. ਅਪੀਲਕਰਤਾ ਵੱਲੋਂ ਇਸ ਬੈਂਚ ਕੋਲੋਂ ਆਪਣਾ ਕੇਸ ਤਬਦੀਲ ਕਰਾਉਣ ਲਈ ਕੀਤੀ ਗਈ ਸ਼ਿਕਾਇਤ ਬਾਰੇ ਅਜੇ ਤੱਕ ਕੋਈ ਫੈਸਲਾ ਇਸ ਬੈਂਚ ਨੂੰ ਪ੍ਰਾਪਤ ਨਹੀਂ ਹੋਇਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਨੁਮਾਇੰਦੇ ਵੱਲੋਂ ਪੇਸ਼ ਕੀਤੀ ਗਈ, ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਉਸ ਦੀ ਆਰ.ਟੀ.ਆਈ. ਦੇ ਸਨਮੁੱਖ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ**

**ਮਿਤੀ, ਚੰਡੀਗੜ੍ਹ, 29 ਮਈ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਪਵਨ ਕੁਮਾਰ ਸ਼ਰਮਾ, ਐਡਵੋਕੇਟ, (94639-50619)
ਪੁੱਤਰ ਲੇਟ ਸ਼੍ਰੀ ਭਗਵੰਤ ਕਿਸ਼ੋਰ,
ਕੋਠੀ ਨੰ:585 ਫੇਸ-2,
ਮੁਹਾਲੀ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ, ਸਿੱਖਿਆ (ਪ੍ਰਾਇਮਰੀ) -ਕਮ-
ਜ਼ਿਲ੍ਹਾ ਪ੍ਰੋਜੈਕਟ ਡਾਇਰੈਕਟਰ, ਸਰਵ-ਸਿੱਖਿਆ ਅਭਿਆਨ,
ਕਮਰਾ ਨੰ:362, ਦੂਜੀ ਮੰਜ਼ਿਲ, ਜਿਲਾ ਪ੍ਰਬੰਧਕੀ ਕੰਪਲੈਕਸ,
ਸੈਕਟਰ-76, ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਾਇਰੈਕਟਰ, ਸਿੱਖਿਆ (ਪ੍ਰਾਇਮਰੀ) -ਕਮ-
ਜ਼ਿਲ੍ਹਾ ਪ੍ਰੋਜੈਕਟ ਡਾਇਰੈਕਟਰ, ਸਰਵ-ਸਿੱਖਿਆ ਅਭਿਆਨ,
ਕਮਰਾ ਨੰ:362, ਦੂਜੀ ਮੰਜ਼ਿਲ, ਜਿਲਾ ਪ੍ਰਬੰਧਕੀ ਕੰਪਲੈਕਸ,
ਸੈਕਟਰ-76, ਮੁਹਾਲੀ। ------ਉੱਤਰਦਾਤਾ

**ਅਪੀਲ ਕੇਸ ਨੰ:3184/2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਮਨਜੀਤ ਇੰਦਰ ਸਿੰਘ ਬੱਤਾ, ਸੁਪਰਡੰਟ (84274-02199)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 13-04-2018, ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ, ਸਿੱਖਿਆ (ਪ੍ਰਾਇਮਰੀ)-ਕਮ-ਜ਼ਿਲ੍ਹਾ ਪ੍ਰੋਜੈਕਟ ਡਾਇਰੈਕਟਰ, ਸਰਵ-ਸਿੱਖਿਆ ਅਭਿਆਨ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਸੈਕਟਰ-76, ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 01-04-2015 ਤੋਂ ਮਿਤੀ-ਅੰਤ ਤੱਕ ਜ਼ਿਲ੍ਹਾ ਮੁਹਾਲੀ ਦੇ ਰਿਹਾਇਸ਼ੀ ਏਰੀਏ ਵਿੱਚ ਚਲਾਏ ਜਾ ਰਹੇ ਪ੍ਰਾਈਵੇਟ ਅਤੇ ਸਰਕਾਰੀ ਸਕੂਲਾਂ ਦੇ ਸਵੇਰੇ ਖੁਲ੍ਹਣ ਅਤੇ ਦੁਪਿਹਰ ਬਾਅਦ ਬੰਦ ਹੋਣ ਸਮੇਂ ਟ੍ਰੈਫਿਕ ਦੇ ਰਸ਼ ਨੂੰ ਰੋਕਣ ਵਾਸਤੇ ਡਾਇਰੈਕਟਰ, ਸਿੱਖਿਆ (ਪ੍ਰਾਇਮਰੀ) ਵੱਲੋਂ ਸਕੂਲਾਂ ਨੂੰ ਜਾਰੀ ਕੀਤੀਆਂ ਗਈਆਂ ਹਦਾਇਤਾਂ ਨਾਲ ਸਬੰਧਤ 06 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 30-05-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 18-09-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 29-10-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 27-11-2018 ਨੂੰ ਸਵੇਰੇ 11:00 ਵਜੇ ਲਈ ਨਿਸ਼ਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਆਪਣੇ ਪੱਤਰ, ਮਿਤੀ 28-05-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਮਨਜੀਤ ਇੰਦਰ ਸਿੰਘ ਬੱਤਾ, ਸੁਪਰਡੰਟ ਨੇ ਪੱਤਰ ਨੰ:09/41-2018-ਸੇਪ੍ਰ(2)/305, ਮਿਤੀ 27-05-2019 ਜੋ ਕਿ ਅਪੀਲਕਰਤਾ ਨੂੰ ਸੰਬੋਧਿਤ ਹੈ, ਰਾਹੀਂ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:**3184 **ਆਫ਼** 2018

ਪੇਸ਼ੀ ਦੌਰਾਨ ਸੂਚਨਾ ਪੇਸ਼ ਕੀਤੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਇਹ ਸੂਚਨਾ ਅਪੀਲਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਸੂਚਨਾ ਪ੍ਰਾਪਤ ਹੋਣ ਤੇ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਕੀਤੀ ਜਾ ਸਕੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ** 02-07-2019 **ਨੂੰ ਸਵੇਰੇ** 11-30 **ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਰਾਜ ਸੂਚਨਾ ਕਮਿਸ਼ਨਰ, ਪੰਜਾਬ**

**ਮਿਤੀ, ਚੰਡੀਗੜ੍ਹ,** 29 **ਮਈ,** 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਕੇਸ਼ ਕੁਮਾਰ ਗੁਪਤਾ, (98149-24851)
8/237, ਜਗਰਾਓਂ ਰੋਡ,
ਮੰਡੀ ਮੁੱਲਾਂਪੁਰ, ਜ਼ਿਲ੍ਹਾ ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ-ਕਮ-
ਜ਼ਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ (ਪੱਛਮੀ)
ਜ਼ੋਨ-ਡੀ, ਨਗਰ ਨਿਗਮ ਬਿਲਡਿੰਗ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਾਇਰੈਕਟਰ ਖੁਰਾਕ ਸਿਵਲ ਸਪਲਾਈਜ਼
ਤੇ ਖਪਤਕਾਰ ਮਾਮਲੇ ਪੰਜਾਬ, ਚੰਡੀਗੜ੍ਹ। -------ਉੱਤਰਦਾਤਾ

**ਅਪੀਲ ਕੇਸ ਨੰ:1842/2018**

**ਹਾਜ਼ਰ:-**

1) ਸ਼੍ਰੀ ਰਕੇਸ਼ ਕੁਮਾਰ ਗੁਪਤਾ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਨਿਰਪਕਸ਼ ਮੱਟੂ, ਸਹਾਇਕ ਖੁਰਾਕ ਤੇ ਸਪਲਾਈ ਅਫਸਰ, ਮੁੱਲਾਂਪੁਰ (92175-00019)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 30-12-2017, ਲੋਕ ਸੂਚਨਾ ਅਧਿਕਾਰੀ-ਕਮ-ਜ਼ਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ (ਪੱਛਮੀ) ਜ਼ੋਨ-ਡੀ, ਨਗਰ ਨਿਗਮ ਬਿਲਡਿੰਗ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਾਰਕੀਟ ਕਮੇਟੀ ਅਤੇ ਸਹਾਇਕ ਖੁਰਾਕ ਤੇ ਸਪਲਾਈ ਅਫਸਰ, ਮੁੱਲਾਂਪੁਰ ਦਾਖਾ (ਲੁਧਿਆਣਾ) ਦੇ ਅਧਿਕਾਰ ਖੇਤਰ ਅਧੀਨ ਜ਼ਿਲ੍ਹਾ ਲੁਧਿਆਣਾ ਦੇ ਮੈਸ: ਆਰੀਅਨ ਇੰਡਸਟ੍ਰੀਜ਼, ਪ੍ਰਕਾਸ਼ ਰਾਈਸ ਮਿੱਲ, ਸਿੰਗਲਾ ਐਗਰੋ ਫੂਡਸ ਅਤੇ ਕੇ.ਐਲ.ਐਗਰੋ ਇੰਡਸਟ੍ਰੀਜ਼ ਦੇ ਲਾਇਸੰਸਾਂ ਨਾਲ ਸਬੰਧਤ 11 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 11-02-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 23-05-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 11-07-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 18-07-2018 ਨੂੰ ਸਵੇਰੇ 11:00 ਵਜੇ ਲਈ ਨਿਸਚਿਤ ਕੀਤਾ ਗਿਆ ਸੀ ਪਰੰਤੂ ਬਾਅਦ ਵਿੱਚ ਇਸ ਕੇਸ ਦੀ ਸੁਣਵਾਈ ਮੁਲਤਵੀ ਕਰਕੇ ਇਹ ਕੇਸ ਮਿਤੀ 23-08-2018 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਨਿਰਪਕਸ਼ ਮੱਟੂ, ਸਹਾਇਕ ਖੁਰਾਕ ਤੇ ਸਪਲਾਈ ਅਫਸਰ, ਮੁੱਲਾਂਪੁਰ ਨੇ ਕਿਹਾ ਕਿ ਅਪੀਲਕਰਤਾ ਨੂੰ ਸਾਰੀ ਸੂਚਨਾ ਪਹਿਲਾਂ ਹੀ ਦਿੱਤੀ ਜਾ ਚੁੱਕੀ ਹੈ। ਅਪੀਲਕਰਤਾ ਨੇ ਮੰਨਿਆ ਕਿ ਉਸ ਨੂੰ ਸੂਚਨਾ ਪ੍ਰਾਪਤ ਹੋਈ ਹੈ ਪਰੰਤੂ ਉਸ ਨੇ ਕਿਹਾ ਕਿ ਉਹ ਨੁਕਤਾ ਨੰ:2 ਨੂੰ ਛੱਡ ਕੇ ਬਾਕੀ ਸੂਚਨਾ ਤੋਂ ਸੰਤੁਸ਼ਟ ਹੈ। ਇਸ ਲਈ ਉਸ ਨੇ ਕਿਹਾ ਕਿ ਉਸ ਨੂੰ ਨੁਕਤਾ ਨੰ:2 ਬਾਰੇ ਸੂਚਨਾ ਮੁਹੱਈਆ ਕਰਵਾਈ ਜਾਵੇ। ਹਾਜ਼ਰ ਉੱਤਰਦਾਤਾ ਵੱਲੋਂ ਕਿਹਾ ਗਿਆ ਕਿ ਨੁਕਤਾ ਨੰ:2 ਬਾਰੇ ਸੂਚਨਾ ਨਹੀਂ ਦਿੱਤੀ ਜਾ ਸਕਦੀ ਕਿਉਂਕਿ ਇਹ ਸੂਚਨਾ ਤੀਜੀ ਧਿਰ ਨਾਲ ਸਬੰਧਤ ਹੈ ਅਤੇ ਤੀਜੀ ਧਿਰ (ਰਾਈਸ ਮਿੱਲਰਾਂ) ਵੱਲੋਂ ਆਪਣੇ ਪੱਤਰ, ਮਿਤੀ 20-03-2018 ਰਾਹੀਂ ਲਿਖ ਕੇ ਬੇਨਤੀ ਕੀਤੀ ਗਈ ਹੈ ਕਿ ਉਨ੍ਹਾਂ ਨਾਲ ਸਬੰਧਤ ਸੂਚਨਾ ਅਪੀਲਕਰਤਾ ਨੂੰ ਨਾ ਦਿੱਤੀ ਜਾਵੇ। ਅਪੀਲਕਰਤਾ ਨੇ ਕਿਹਾ ਕਿ ਨੁਕਤਾ ਨੰ:2 ਸਬੰਧੀ ਸੂਚਨਾ ਤੀਜੀ ਧਿਰ ਨਾਲ ਸਬੰਧਤ ਸੂਚਨਾ ਨਹੀਂ ਬਣਦੀ ਅਤੇ ਉਹ ਇਸ ਦੀ ਪ੍ਰੋੜ੍ਹਤਾ ਵਿੱਚ ਅਦਾਲਤ ਦੀ ਰੂਲਿੰਗ ਵੀ ਪੇਸ਼ ਕਰ ਸਕਦਾ ਹੈ।

3. ਕੇਵਲ ਨੁਕਤਾ ਨੰ:2 ਬਾਰੇ ਦੋਵੇਂ ਧਿਰਾਂ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ। ਦੋਵੇਂ ਧਿਰਾਂ ਦਾ ਪੱਖ ਸੁਣਨ ਉਪਰੰਤ ਕੇਵਲ ਨੁਕਤਾ ਨੰ:2 ਬਾਰੇ ਸੂਚਨਾ ਦੇਣ ਜਾਂ ਨਾ ਦੇਣ ਬਾਰੇ ਫੈਸਲਾ ਲਈ ਵਿਚਾਰ ਕੀਤਾ ਜਾਵੇਗਾ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 02-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ, ਚੰਡੀਗੜ੍ਹ, 29 ਮਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਕੇਸ਼ ਕੁਮਾਰ ਗੁਪਤਾ, (98149-24851)
8/237, ਜਗਰਾਓਂ ਰੋਡ,
ਮੰਡੀ ਮੁੱਲਾਂਪੁਰ, ਜ਼ਿਲ੍ਹਾ ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ-ਕਮ-
ਜ਼ਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ (ਪੱਛਮੀ)
ਜ਼ੋਨ-ਡੀ, ਨਗਰ ਨਿਗਮ ਬਿਲਡਿੰਗ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਾਇਰੈਕਟਰ, ਖੁਰਾਕ ਸਿਵਲ ਸਪਲਾਈਜ਼
ਤੇ ਖਪਤਕਾਰ ਮਾਮਲੇ ਪੰਜਾਬ, ਚੰਡੀਗੜ੍ਹ। -------ਉੱਤਰਦਾਤਾ

**ਅਪੀਲ ਕੇਸ ਨੰ:1844/2018**

**ਹਾਜ਼ਰ:-**

1) ਸ਼੍ਰੀ ਰਕੇਸ਼ ਕੁਮਾਰ ਗੁਪਤਾ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸੰਨੀ ਚੌਹਾਨ, ਆਡੀਟਰ (62806-72567)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 28-12-2017, ਲੋਕ ਸੂਚਨਾ ਅਧਿਕਾਰੀ-ਕਮ-ਜ਼ਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ (ਪੱਛਮੀ) ਜ਼ੋਨ-ਡੀ, ਨਗਰ ਨਿਗਮ ਬਿਲਡਿੰਗ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਾਰਕੀਟ ਕਮੇਟੀ ਅਤੇ ਸਹਾਇਕ ਖੁਰਾਕ ਤੇ ਸਪਲਾਈ ਅਫਸਰ, ਮੁੱਲਾਂਪੁਰ ਦਾਖਾ (ਲੁਧਿਆਣਾ) ਦੇ ਅਧਿਕਾਰ ਖੇਤਰ ਅਧੀਨ ਜ਼ਿਲ੍ਹਾ ਲੁਧਿਆਣਾ ਦੇ ਪੁੜੈਨ, ਸਵੱਦੀ, ਹੰਬੜਾਂ, ਨੂਰਪੁਰ ਬੇਟ ਅਤੇ ਚੱਕ ਕਲਾਂ ਪਿੰਡਾਂ ਦੀਆਂ ਅਨਾਜ ਮੰਡੀਆਂ ਤੋਂ ਪੈਡੀ ਦੀ ਲਿਫਟਿੰਗ ਨਾਲ ਸਬੰਧਤ 07 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 10-02-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 23-05-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 11-07-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 18-07-2018 ਨੂੰ ਸਵੇਰੇ 11:00 ਵਜੇ ਲਈ ਨਿਸਚਿਤ ਕੀਤਾ ਗਿਆ ਸੀ ਪਰੰਤੂ ਬਾਅਦ ਵਿੱਚ ਇਸ ਕੇਸ ਦੀ ਸੁਣਵਾਈ ਮੁਲਤਵੀ ਕਰਕੇ ਇਹ ਕੇਸ ਮਿਤੀ 23-08-2018 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਸੰਨੀ ਚੌਹਾਨ, ਆਡੀਟਰ ਨੇ ਪੱਤਰ ਨੰ:ਅ-1-2019/4392-4393, ਮਿਤੀ 29-05-2019 ਜਿਸ ਦੀ ਇੱਕ ਕਾਪੀ ਅਪੀਲਕਰਤਾ ਨੂੰ ਵੀ ਪਿੱਠ ਅੰਕਿਤ ਕੀਤੀ ਹੋਈ ਹੈ, ਰਾਹੀਂ ਪੇਸ਼ੀ ਦੌਰਾਨ ਸੂਚਨਾ ਪੇਸ਼ ਕੀਤੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੀ ਗਈ ਸੂਚਨਾ ਦੀ ਇੱਕ ਕਾਪੀ ਅਪੀਲਕਰਤਾ ਨੂੰ ਦਸਤੀ ਦੇ ਦਿੱਤੀ ਅਤੇ ਅਪੀਲਕਰਤਾ ਨੇ ਸੂਚਨਾ ਚੈੱਕ ਕਰਨ ਲਈ ਸਮੇਂ ਦੀ ਮੰਗ ਕੀਤੀ ਗਈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੀ ਗਈ ਸੂਚਨਾ ਕੋਈ ਬਹੁਤੀ ਵਿਸਥਾਰਿਤ ਸੂਚਨਾ ਨਹੀਂ ਹੈ ਜਿਸ ਨੂੰ ਚੈੱਕ ਕਰਨ ਲਈ ਅਪੀਲਕਰਤਾ ਨੂੰ ਸਮਾਂ ਦੇਣ ਦੀ ਉਚਿੱਤਤਾ ਹੋਵੇ। ਕਮਿਸ਼ਨ ਵੱਲੋਂ ਸੂਚਨਾ ਘੋਖਣ ਉਪਰੰਤ ਤਸੱਲੀਬਖਸ਼ ਪਾਈ ਗਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ, ਚੰਡੀਗੜ੍ਹ, 29 ਮਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਅਸ਼ੋਕ ਕੁਮਾਰ ਜੋਸ਼ੀ, (98146-22755)
ਪੁੱਤਰ ਸ਼੍ਰੀ ਹਰੀ ਕ੍ਰਿਸ਼ਨ ਜੋਸ਼ੀ,
ਵਾਸੀ ਨੇੜੇ ਮੰਦਰ ਬਾਬਾ ਪੁਰਾ ਜੀ,
ਮੁਹੱਲਾ ਸਰਾਫਾ, ਰਾਹੋਂ,
ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ,
ਸ਼ਹੀਦ ਭਗਤ ਸਿੰਘ ਨਗਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਿਪਟੀ ਕਮਿਸ਼ਨਰ,
ਸ਼ਹੀਦ ਭਗਤ ਸਿੰਘ ਨਗਰ। ------ਉੱਤਰਦਾਤਾ

**ਅਪੀਲ ਕੇਸ ਨੰ:3492/2018**

**ਹਾਜ਼ਰ:-**

1) ਸ਼੍ਰੀ ਅਸ਼ੋਕ ਕੁਮਾਰ ਜੋਸ਼ੀ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਕਮਲ ਕੁਮਾਰ, ਸਹਾਇਕ ਲੋਕ ਸੂਚਨਾ ਅਧਿਕਾਰੀ (98888-16722)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 23-07-2018, ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਸ਼ਹੀਦ ਭਗਤ ਸਿੰਘ ਨਗਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮੇਲੇ ਵਾਸਤੇ ਐਨ.ਓ.ਸੀ. ਜਾਰੀ ਕਰਨ ਲਈ ਫੀਸ/ਸੁਵਿਧਾ ਚਾਰਜ ਨਾਲ ਸਬੰਧਤ ਹਦਾਇਤਾਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 28-08-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 23-05-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 31-10-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 29-11-2018 ਨੂੰ ਸਵੇਰੇ 11:00 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਕਮਲ ਕੁਮਾਰ, ਸਹਾਇਕ ਲੋਕ ਸੂਚਨਾ ਅਧਿਕਾਰੀ ਨੇ ਹਲਫੀਆ-ਬਿਆਨ ਮਿਤੀ 24-05-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਉਨ੍ਹਾਂ ਦੇ ਪੱਤਰ ਨੰ:781/ਆਰ.ਟੀ.ਆਈ.ਸੈਲ, ਮਿਤੀ 21-01-2019 ਰਾਹੀਂ ਅਪੀਲਕਰਤਾ ਨੂੰ ਪਹਿਲਾਂ ਹੀ ਸੂਚਨਾ ਦਿੱਤੀ ਜਾ ਚੁੱਕੀ ਹੈ ਅਤੇ ਕਮਿਸ਼ਨ ਦੇ ਹੁਕਮ, ਮਿਤੀ 23-01-2019 ਦੀ ਪਾਲਣਾ ਕਰਦੇ ਹੋਏ ਡਿਮਾਂਡ ਡਰਾਫਟ ਨੰ:905872, ਮਿਤੀ 21-02-2019 ਮੁਆਵਜ਼ੇ ਵਜੋਂ 1000/-ਰੁਪਏ ਦੀ ਅਦਾਇਗੀ ਵੀ ਅਪੀਲਕਰਤਾ ਨੂੰ ਕੀਤੀ ਜਾ ਚੁੱਕੀ ਹੈ। ਹਲਫੀਆ-ਬਿਆਨ (ਮੂਲ ਰੂਪ ਵਿੱਚ) ਅਪੀਲਕਰਤਾ ਨੂੰ ਦੇ ਦਿੱਤਾ ਗਿਆ ਹੈ ਅਤੇ ਉਸ ਦੀ ਇੱਕ ਕਾਪੀ ਮਿਸਲ ਤੇ ਰੱਖ ਲਈ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ, ਚੰਡੀਗੜ੍ਹ, 29 ਮਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਬਲਵਿੰਦਰ ਸਿੰਘ, (98555-25945)
ਪ੍ਰੈੱਸ ਸਕੱਤਰ, ਪੰਜਾਬ ਆਰ.ਟੀ.ਆਈ.
ਐਂਡ ਹਿਊਮਨ ਰਾਈਟਸ ਵਰਕਰ ਕਲਬ,
ਨੇੜੇ ਉੜਾਗ ਪੈਲਸ ਜਲਾਲਾਬਾਦ ਫਾਜਿਲਕਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸਿਵਲ ਸਰਜਨ, ਫਾਜ਼ਿਲਕਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਸਿਵਲ ਸਰਜਨ, ਫਾਜ਼ਿਲਕਾ। -------ਉੱਤਰਦਾਤਾ

**ਅਪੀਲ ਕੇਸ ਨੰ:2103/2018**

**ਹਾਜ਼ਰ:-**

1) ਸ਼੍ਰੀ ਬਲਵਿੰਦਰ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਡਾਕਟਰ ਮਨਦੀਪ ਸਿੰਘ, ਜ਼ਿਲ੍ਹਾ ਟੀ.ਬੀ. ਅਫਸਰ (94640-94288)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 25-01-2018, ਲੋਕ ਸੂਚਨਾ ਅਧਿਕਾਰੀ ਦਫਤਰ ਸਿਵਲ ਸਰਜਨ, ਫਾਜ਼ਿਲਕਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਡਰੱਗ ਇੰਸਪੈਕਟਰ ਸ਼੍ਰੀ ਇਕਾਂਤ ਪ੍ਰਿਆ ਸਿੰਗਲਾ ਦੇ ਪੈਨ ਨੰਬਰ, ਪ੍ਰਾਪਰਟੀ ਰਿਟਰਨ ਅਤੇ ਉਸ ਵਿਰੁੱਧ ਸ਼ਿਕਾਇਤ ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 13-04-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 20-06-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 20-08-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 05-09-2018 ਨੂੰ ਸਵੇਰੇ 11:00 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਡਾਕਟਰ ਮਨਦੀਪ ਸਿੰਘ, ਜ਼ਿਲ੍ਹਾ ਟੀ.ਬੀ. ਅਫਸਰ ਨੇ ਕਿਹਾ ਕਿ ਅਪੀਲਕਰਤਾ ਦੀ ਆਰ.ਟੀ.ਆਈ. ਦੇ ਨੁਕਤਾ ਨੰ:3 ਬਾਰੇ ਅਪੀਲਕਰਤਾ ਨੂੰ ਸੂਚਨਾ ਦਿੱਤਾ ਜਾ ਚੁੱਕੀ ਹੈ ਅਤੇ ਨੁਕਤਾ ਨੰ:1 ਅਤੇ 2 ਬਾਰੇ ਸੂਚਨਾ ਨਹੀਂ ਦਿੱਤੀ ਜਾ ਸਕਦੀ ਕਿਉਂਕਿ ਇਹ ਸੂਚਨਾ ਤੀਜੀ ਧਿਰ, ਡਰੱਗ ਇੰਸਪੈਕਟਰ ਸ਼੍ਰੀ ਇਕਾਂਤ ਪ੍ਰਿਆ ਸਿੰਗਲਾ ਦੀ ਨਿੱਜਤਾ ਨਾਲ ਸਬੰਧ ਰੱਖਦੀ ਹੈ। ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:ਆਰ.ਟੀ.ਆਈ./2018/148, ਮਿਤੀ 07-02-2018 ਰਾਹੀਂ ਅਪੀਲਕਰਤਾ ਨੂੰ ਪਹਿਲਾਂ ਹੀ ਸੂਚਿਤ ਕੀਤਾ ਹੋਇਆ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ, ਚੰਡੀਗੜ੍ਹ, 29 ਮਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਬਲਵਿੰਦਰ ਸਿੰਘ, (98555-25945)
ਪ੍ਰੈੱਸ ਸਕੱਤਰ, ਪੰਜਾਬ ਆਰ.ਟੀ.ਆਈ. ਅਤੇ
ਹਿਊਮਨ ਰਾਈਟਸ ਵਰਕਰ ਕਲੱਬ
ਵਾਸੀ ਨੇੜੇ ਉੜਾਗ ਪੈਲਸ, ਜਲਾਲਾਬਾਦ,
ਜ਼ਿਲ੍ਹਾ ਫਾਜ਼ਿਲਕਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪੰਜਾਬ ਸਟੇਟ ਡਰੱਗ ਕੰਟਰੋਲਰ,
ਹੁਣ ਕਮਿਸ਼ਨਰੇਟ, ਫੂਡ ਐਂਡ ਡਰੱਗ ਐਡਮਨਿਸਟਰੇਸ਼ਨ,ਪੰਜਾਬ,
ਨੇੜੇ ਸਿਵਲ ਹਸਤਪਤਾਲ ਖਰੜ,ਜ਼ਿਲ੍ਹਾ ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਕਮਿਸ਼ਨਰੇਟ, ਫੂਡ ਐਂਡ ਡਰੱਗ ਐਡਮਨਿਸਟਰੇਸ਼ਨ,ਪੰਜਾਬ,
ਨੇੜੇ ਸਿਵਲ ਹਸਤਪਤਾਲ ਖਰੜ, ਜ਼ਿਲਾ ਮੁਹਾਲੀ।

ਲੋਕ ਸੂਚਨਾ ਅਧਿਕਾਰੀ,
ਦਫਤਰ ਸਿਵਲ ਸਰਜਨ, ਫਿਰੋਜ਼ਪੁਰ।

ਲੋਕ ਸੂਚਨਾ ਅਧਿਕਾਰੀ,
ਦਫਤਰ ਜੋਨਲ ਲਾਇਸੈਂਸਿੰਗ ਅਥਾਰਟੀ,
ਫਿਰੋਜ਼ਪੁਰ। ------ਉੱਤਰਦਾਤਾ

**ਅਪੀਲ ਕੇਸ ਨੰ:3072/2018**

**ਹਾਜ਼ਰ:-**

1) ਸ਼੍ਰੀ ਬਲਵਿੰਦਰ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਲਖਵੰਤ ਸਿੰਘ, ਜ਼ੋਨਲ ਲਾਇਸੈਂਸਿੰਗ ਅਥਾਰਟੀ, ਫਿਰੋਜ਼ਪੁਰ (98723-34966)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 18-06-2018, ਲੋਕ ਸੂਚਨਾ ਅਧਿਕਾਰੀ ਦਫਤਰ ਪੰਜਾਬ ਸਟੇਟ ਡਰੱਗ ਕੰਟਰੋਲਰ, ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਜੋਨਲ ਲਾਇਸੈਂਸਿੰਗ ਅਥਾਰਟੀ, ਫਿਰੋਜ਼ਪੁਰ ਵਿਖੇ ਕੰਮ ਕਰ ਰਹੇ ਸ਼੍ਰੀ ਲਖਵੰਤ ਸਿੰਘ ਵੱਲੋਂ ਪਿਛਲੇ ਪੰਜ ਸਾਲਾਂ ਦੌਰਾਨ ਜਾਰੀ/ਰੀਨਿਊ ਕੀਤੇ ਗਏ ਰਿਟੇਲ ਮੈਡੀਕਲ ਅਤੇ ਹੋਲਸਲ ਲਾਇਸੰਸਾਂ ਆਦਿ ਨਾਲ ਸਬੰਧਤ 07 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 19-07-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 11-09-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 09-10-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 13-11-2018 ਨੂੰ ਸਵੇਰੇ 11:00 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਲਖਵੰਤ ਸਿੰਘ, ਜ਼ੋਨਲ ਲਾਇਸੈਂਸਿੰਗ ਅਥਾਰਟੀ, ਫਿਰੋਜ਼ਪੁਰ ਨੇ ਕਿਹਾ ਕਿ ਅਪੀਲਕਰਤਾ ਨੂੰ ਪੱਤਰ ਨੰ:ਜ਼ੈੱਡ.ਐਲ.ਏ./2018/704, ਮਿਤੀ 14-12-2018 ਅਤੇ ਪੱਤਰ ਨੰ:ਜ਼ੈੱਡ.ਐਲ.ਏ./2018/708, ਮਿਤੀ 24-12-2018 ਰਾਹੀਂ ਦੋ ਵਾਰ ਪਹਿਲਾਂ ਹੀ ਸੂਚਨਾ ਭੇਜੀ ਜਾ ਚੁੱਕੀ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ, ਚੰਡੀਗੜ੍ਹ, 29 ਮਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਬਲਵਿੰਦਰ ਸਿੰਘ, (98555-25945)
ਪ੍ਰੈਸ ਸਕੱਤਰ ਪੰਜਾਬ ਆਰ.ਟੀ.ਆਈ. ਐਂਡ
ਹਿਊਮਨ ਰਾਈਟਸ ਵਰਕਰ ਕਲੱਬ
ਨੇੜੇ ਉੜਾਗ ਪੈਲਸ ਜਲਾਲਾਬਾਦ ਫਾਜ਼ਿਲਕਾ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪੰਜਾਬ ਸਟੇਟ ਡਰੱਗ ਕੰਟਰੋਲਰ,
ਹੁਣ ਕਮਿਸ਼ਨਰੇਟ,
ਫੂਡ ਐਂਡ ਡਰੱਗ ਐਡਮਨਿਸਟਰੇਸ਼ਨ,ਪੰਜਾਬ,
ਨੇੜੇ ਸਿਵਲ ਹਸਤਪਤਾਲ ਖਰੜ,ਜਿਲਾ ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਕਮਿਸ਼ਨਰੇਟ,
ਫੂਡ ਐਂਡ ਡਰੱਗ ਐਡਮਨਿਸਟਰੇਸ਼ਨ,ਪੰਜਾਬ,
ਨੇੜੇ ਸਿਵਲ ਹਸਤਪਤਾਲ ਖਰੜ,ਜ਼ਿਲ੍ਹਾ ਮੁਹਾਲੀ। ------ਉੱਤਰਦਾਤਾ

**ਅਪੀਲ ਕੇਸ ਨੰ:3129/2018**

**ਹਾਜ਼ਰ:-**

1) ਸ਼੍ਰੀ ਬਲਵਿੰਦਰ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਰਸ਼ਪਾਲ ਸਿੰਘ, ਸੁਪਰਡੰਟ (98723-17875)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 14-06-2018, ਲੋਕ ਸੂਚਨਾ ਅਧਿਕਾਰੀ ਦਫਤਰ ਪੰਜਾਬ ਸਟੇਟ ਡਰੱਗ ਕੰਟਰੋਲਰ, ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਜੋਨਲ ਲਾਇਸੈਂਸਿੰਗ ਅਥਾਰਟੀ, ਫਿਰੋਜ਼ਪੁਰ ਵਿਖੇ ਕੰਮ ਕਰ ਰਹੇ ਸ਼੍ਰੀ ਲਖਵੰਤ ਸਿੰਘ ਦੇ ਪੈਨ ਕਾਰਡ, ਇੰਨਕਮ ਟੈਕਸ ਅਤੇ ਵਿਦਿਅਕ ਯੋਗਤਾਵਾਂ ਆਦਿ ਨਾਲ ਸਬੰਧਤ 10 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 30-07-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 11-09-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 09-10-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 13-11-2018 ਨੂੰ ਸਵੇਰੇ 11:00 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਰਸ਼ਪਾਲ ਸਿੰਘ, ਸੁਪਰਡੰਟ ਨੇ ਕਿਹਾ ਕਿ ਅਪੀਲਕਰਤਾ ਨੂੰ ਪੱਤਰ ਨੰ:ਅਮਲਾ-6(1)/2018/3213, ਮਿਤੀ 17-12-2018 ਰਾਹੀਂ ਪਹਿਲਾਂ ਹੀ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ ਜਿਹੜੀ ਕਿ ਅਪੀਲਕਰਤਾ ਵੱਲੋਂ ਮਿਤੀ 18-12-2018 ਨੂੰ ਆਪਣੇ ਹਸਤਾਖਰਾਂ ਹੇਠ ਪ੍ਰਾਪਤ ਕੀਤੀ ਹੋਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ, ਚੰਡੀਗੜ੍ਹ, 29 ਮਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਮਨਜਿੰਦਰ ਸਿੰਘ, (82830-00236)
ਪ੍ਰਧਾਨ, ਹਿਊਮੈਨ ਰਾਈਟਸ ਐਂਡ
ਇਨਵਾਇਰਮੈਂਟ ਪ੍ਰੋਟੈਕਸ਼ਨ ਆਰਗਾਨਾਈਜੇਸ਼ਨ,
#699, ਬਲਾਕ-1, ਬੀ.ਆਰ.ਐਸ. ਨਗਰ,
ਲੁਧਿਆਣਾ। ..........ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸਕੱਤਰ,
ਰਿਜਨਲ ਟਰਾਂਸਪੋਰਟ ਅਥਾਰਟੀ,
ਅੰਮ੍ਰਿਤਸਰ।

ਸ਼੍ਰੀ ਰਜਨੀਸ਼ ਅਰੋੜਾ, ਪੀ.ਸੀ.ਐਸ.,
(ਪੂਰਵਲੇ ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ,
ਅੰਮ੍ਰਿਤਸਰ) ਹੁਣ ਲੋਕ ਸੂਚਨਾ ਅਧਿਕਾਰੀ-ਕਮ-
ਉਪ ਮੰਡਲ ਮੈਜਿਸਟਰੇਟ, ਰਾਜਪੁਰਾ। ........ਉੱਤਰਦਾਤਾ

**ਸ਼ਿਕਾਇਤ ਕੇਸ ਨੰ:942 ਆਫ਼ 2018**

**ਹਾਜ਼ਰ:-**

1) ਸ਼੍ਰੀ ਮਨਜਿੰਦਰ ਸਿੰਘ, ਸ਼ਿਕਾਇਤਕਰਤਾ।
2) ਉੱਤਰਦਾਤਾ, ਸ਼੍ਰੀ ਰਜਨੀਸ਼ ਅਰੋੜਾ, ਪੀ.ਸੀ.ਐਸ.(88474-19945) (ਪੂਰਵਲੇ ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਅੰਮ੍ਰਿਤਸਰ) ਹੁਣ ਲੋਕ ਸੂਚਨਾ ਅਧਿਕਾਰੀ-ਕਮ-ਉਪ ਮੰਡਲ ਮੈਜਿਸਟਰੇਟ, ਰਾਜਪੁਰਾ ਅਤੇ ਸ਼੍ਰੀ ਵੱਸਣ ਸਿੰਘ, ਜੂਨੀਅਰ ਸਹਾਇਕ ਦਫ਼ਤਰ ਰਿਜਨਲ ਟਰਾਂਸਪੋਰਟ ਅਥਾਰਟੀ, ਅੰਮ੍ਰਿਤਸਰ (98763-75867)।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 11-07-2018, ਲੋਕ ਸੂਚਨਾ ਅਧਿਕਾਰੀ ਦਫਤਰ ਰਿਜਨਲ ਟਰਾਂਸਪੋਰਟ ਅਥਾਰਟੀ, ਅੰਮ੍ਰਿਤਸਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਹੈਵੀ ਡਰਾਈਵਿੰਗ ਲਾਇਸੈਂਸਾਂ ਨਾਲ ਸਬੰਧਤ 3 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 31-08-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 12-10-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 13-11-2018 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਸ਼ਿਕਾਇਤਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਸੂਚਨਾ ਅਤੇ ਮੁਆਵਜ਼ੇ ਵਜੋਂ 5000/-ਰੁਪਏ ਦੀ ਰਾਸ਼ੀ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਵੱਸਣ ਸਿੰਘ, ਜੂਨੀਅਰ ਸਹਾਇਕ ਦਫ਼ਤਰ ਰਿਜਨਲ ਟਰਾਂਸਪੋਰਟ ਅਥਾਰਟੀ, ਅੰਮ੍ਰਿਤਸਰ ਨੇ ਸ਼ਿਕਾਇਤਕਰਤਾ ਵੱਲੋਂ ਮੰਗੀ ਗਈ ਸੂਚਨਾ ਅਤੇ ਮੁਆਵਜ਼ੇ ਵਜੋਂ 5000/-ਰੁਪਏ ਦੀ ਰਾਸ਼ੀ ਦਾ ਬੈਂਕ ਡਰਾਫਟ ਪੇਸ਼ੀ ਦੌਰਾਨ

ਚਲਦਾ-----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



ਸ਼ਿਕਾਇਤ ਕੇਸ ਨੰ:942 ਆਫ਼ 2018

ਸ਼ਿਕਾਇਤਕਰਤਾ ਨੂੰ ਦਸਤੀ ਮੁਹੱਈਆ ਕਰ ਦਿੱਤੇ ਜਿਸ ਤੇ ਸ਼ਿਕਾਇਤਕਰਤਾ ਵੱਲੋਂ ਸੰਤੁਸ਼ਟੀ ਪ੍ਰਗਟਾਈ ਗਈ ਹੈ।

3. ਉੱਤਰਦਾਤਾ, ਸ਼੍ਰੀ ਰਜਨੀਸ਼ ਅਰੋੜਾ, ਪੀ.ਸੀ.ਐਸ., ਲੋਕ ਸੂਚਨਾ ਅਧਿਕਾਰੀ-ਕਮ-ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਅੰਮ੍ਰਿਤਸਰ (ਹੁਣ ਲੋਕ ਸੂਚਨਾ ਅਧਿਕਾਰੀ-ਕਮ-ਉਪ ਮੰਡਲ ਮੈਜਿਸਟਰੇਟ, ਰਾਜਪੁਰਾ) ਨੇ ਕਮਿਸ਼ਨ ਵੱਲੋਂ ਉਨ੍ਹਾਂ ਨੂੰ ਮਿਤੀ 05-02-2019 ਨੂੰ ਜਾਰੀ ਕੀਤੇ ਗਏ ਕਾਰਨ ਦੱਸੋ ਨੋਟਿਸ ਸਬੰਧੀ ਅੱਜ ਨਿੱਜੀ ਪੱਧਰ ਤੇ ਹਾਜ਼ਰ ਹੋ ਕੇ ਆਪਣੇ ਪੱਤਰ ਨੰ:2034, ਮਿਤੀ 29-05-2019 ਰਾਹੀ ਜਵਾਬ ਪੇਸ਼ ਕੀਤਾ ਹੈ ਜ਼ੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਸਬੰਧਤ ਅਧਿਕਾਰੀ ਵੱਲੋਂ ਆਪਣੇ ਜਵਾਬ ਰਾਹੀਂ ਕਮਿਸ਼ਨ ਨੂੰ ਦੱਸਿਆ ਗਿਆ ਹੈ ਕਿ ਉਹ ਲੋਕ ਸਭਾ ਚੋਣਾਂ ਕਾਰਨ ਮਿਤੀ 09-04-2019 ਨੂੰ ਪੇਸ਼ੀ ਤੇ ਹਾਜ਼ਰ ਨਹੀਂ ਹੋ ਸਕੇ ਸਨ ਅਤੇ ਇਸ ਬਾਰੇ ਉਨ੍ਹਾਂ ਵੱਲੋਂ ਪੇਸ਼ੀ ਤੇ ਹਾਜ਼ਰ ਹੋਣ ਤੋ ਛੋਟ ਵੀ ਮੰਗੀ ਸੀ। ਰਿਜਨਲ ਟਰਾਂਸਪੋਰਟ ਅਥਾਰਟੀ, ਅੰਮ੍ਰਿਤਸਰ ਵੱਲੋਂ ਸ਼ਿਕਾਇਤਕਰਤਾ ਨੂੰ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ। ਇਸ ਲਈ ਸਬੰਧਤ ਅਧਿਕਾਰੀ ਵੱਲੋਂ ਕਾਰਨ ਦੱਸੋ ਨੋਟਿਸ ਵਾਪਸ ਲੈਣ ਲਈ ਬੇਨਤੀ ਕੀਤੀ ਗਈ ਹੈ

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦਫ਼ਤਰ ਰਿਜਨਲ ਟਰਾਂਸਪੋਰਟ ਅਥਾਰਟੀ, ਅੰਮ੍ਰਿਤਸਰ ਵੱਲੋਂ ਸ਼ਿਕਾਇਤਕਰਤਾ ਨੂੰ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ ਅਤੇ ਸੂਚਨਾ ਲੇਟ ਮੁਹੱਈਆ ਕਰਾਉਣ ਕਾਰਨ 5000/-ਰੁਪਏ (ਕੇਵਲ ਪੰਜ ਹਜ਼ਾਰ ਰੁਪਏ) ਦੀ ਰਾਸ਼ੀ ਦੀ ਮੁਆਵਜ਼ੇ ਵਜੋਂ ਵੀ ਅਦਾਇਗੀ ਕੀਤੀ ਜਾ ਚੁੱਕੀ ਹੈ ਜਿਸ ਤੇ ਸ਼ਿਕਾਇਤਕਰਤਾ ਵੱਲੋਂ ਸੰਤੁਸ਼ਟੀ ਪ੍ਰਗਟਾਈ ਗਈ ਹੈ।ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਉੱਤਰਦਾਤਾ, ਸ਼੍ਰੀ ਰਜਨੀਸ਼ ਅਰੋੜਾ, ਪੀ.ਸੀ.ਐਸ., (ਪੂਰਵਲੇ ਲੋਕ ਸੂਚਨਾ ਅਧਿਕਾਰੀ-ਕਮ-ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਅੰਮ੍ਰਿਤਸਰ) ਹੁਣ ਲੋਕ ਸੂਚਨਾ ਅਧਿਕਾਰੀ-ਕਮ-ਉਪ ਮੰਡਲ ਮੈਜਿਸਟਰੇਟ, ਰਾਜਪੁਰਾ, ਵੱਲੋਂ ਪੇਸ਼ ਕੀਤਾ ਗਿਆ ਸਪੱਸ਼ਟੀਕਰਣ ਤਸੱਲੀਬਖਸ਼ ਪਾਉਂਦੇ ਹੋਏ ਉਨ੍ਹਾਂ ਨੂੰ ਕਮਿਸ਼ਨ ਦੇ ਹੁਕਮ, ਮਿਤੀ 05-02-2019 ਰਾਹੀਂ ਜਾਰੀ ਕੀਤਾ ਗਿਆ **ਕਾਰਨ ਦੱਸੋ ਨੋਟਿਸ ਖਾਰਜ** ਕੀਤਾ ਜਾਂਦਾ ਹੈ ਅਤੇ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ, ਚੰਡੀਗੜ੍ਹ, 29 ਮਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਗੁਰਪ੍ਰੀਤ ਸਿੰਘ, (ਮੋਬ 98720-90755)
ਮਕਾਨ ਨੰ:364/30-ਡੀ,
ਮੁਹੱਲਾ ਨਿਊ ਆਤਮ ਨਗਰ, ਜਗਰਾਓਂ,
ਜ਼ਿਲ੍ਹਾ ਲੁਧਿਆਣਾ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪੰਜਾਬੀ ਯੂਨੀਵਰਸਿਟੀ,
ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਪੰਜਾਬੀ ਯੂਨੀਵਰਸਿਟੀ,
ਪਟਿਆਲਾ। -------ਉੱਤਰਦਾਤਾ

**ਅਪੀਲ ਕੇਸ ਨੰ:553/2019**

**ਹਾਜ਼ਰ:-**

1) ਸ਼੍ਰੀ ਗੁਰਪ੍ਰੀਤ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਐਂਜਿਲ ਸ਼ਰਮਾ, ਐਡਵੋਕੇਟ (98768-84444)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 05-09-2018, ਲੋਕ ਸੂਚਨਾ ਅਧਿਕਾਰੀ ਦਫਤਰ ਪੰਜਾਬੀ ਯੂਨੀਵਰਸਿਟੀ, ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਪਣੀ ਬਤੌਰ ਰੈਗੂਲਰ ਸਹਾਇਕ ਪ੍ਰਫੈਸਰ ਨਿਯੁਕਤੀ ਵੇਲੇ ਭਰੇ ਗਏ ਕਰਾਰ ਫਾਰਮ ਅਤੇ ਪੰਜਾਬੀ ਯੂਨੀਵਰਸਿਟੀ ਦੇ ਐਫੀਲੀਏਟਿਡ ਸਵੈ-ਵਿੱਤ ਨਿੱਜੀ ਕਾਲਿਜਾਂ ਦੇ ਸਹਾਇਕ ਪ੍ਰੋਫੈਸਰਾਂ ਦੇ ਪੇ ਸਕੇਲ ਆਦਿ ਨਾਲ ਸਬੰਧਤ 05 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 15-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 30-01-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 27-02-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 25-03-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਨੁਮਾਇੰਦੇ, ਸ਼੍ਰੀ ਐਂਜਿਲ ਸ਼ਰਮਾ, ਐਡਵੋਕੇਟ ਨੇ ਪੇਸ਼ੀ ਦੌਰਾਨ ਅਪੀਲਕਰਤਾ ਨੂੰ ਸੂਚਨਾ ਦਸਤੀ ਦੇ ਦਿੱਤੀ ਹੈ ਜਿਸ ਤੇ ਅਪੀਲਕਰਤਾ ਨੇ ਸੰਤੁਸ਼ਟੀ ਜ਼ਾਹਿਰ ਕੀਤੀ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ, ਚੰਡੀਗੜ੍ਹ, 29 ਮਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਗੁਰਪ੍ਰੀਤ ਸਿੰਘ, (ਮੋਬ 9872090755)
ਮਕਾਨ ਨੰ:364/30-ਡੀ,
ਮੁਹੱਲਾ ਨਿਊ ਆਤਮ ਨਗਰ, ਜਗਰਾਓਂ,
ਜ਼ਿਲ੍ਹਾ ਲੁਧਿਆਣਾ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪੰਜਾਬੀ ਯੂਨੀਵਰਸਿਟੀ,
ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਪੰਜਾਬੀ ਯੂਨੀਵਰਸਿਟੀ,
ਪਟਿਆਲਾ। -------ਉੱਤਰਦਾਤਾ

**ਅਪੀਲ ਕੇਸ ਨੰ:560/2019**

**ਹਾਜ਼ਰ:-**

1) ਸ਼੍ਰੀ ਗੁਰਪ੍ਰੀਤ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਐਂਜਿਲ ਸ਼ਰਮਾ, ਐਡਵੋਕੇਟ (98768-84444)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 15-09-2018, ਲੋਕ ਸੂਚਨਾ ਅਧਿਕਾਰੀ ਦਫਤਰ ਪੰਜਾਬੀ ਯੂਨੀਵਰਸਿਟੀ, ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 01-01-2010 ਤੋਂ 31-08-2018 ਤੱਕ ਏਸ਼ੀਅਨ ਐਜੂਕੇਸ਼ਨਲ ਇੰਸਟੀਚਿਊਟ, ਪਟਿਆਲਾ ਵਿਖੇ ਰੈਗੂਲਰ ਆਸਾਮੀਆਂ ਤੇ ਚੁਣੇ ਗਏ ਸਹਾਇਕ ਪ੍ਰੋਫੈਸਰਾਂ ਆਦਿ ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 30-11-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 30-01-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 27-02-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 25-03-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਨੁਮਾਇੰਦੇ, ਸ਼੍ਰੀ ਐਂਜਿਲ ਸ਼ਰਮਾ, ਐਡਵੋਕੇਟ ਨੇ ਕਿਹਾ ਕਿ ਅਪੀਲਕਰਤਾ ਨੂੰ ਪਹਿਲਾਂ ਹੀ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ ਅਤੇ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:3816/ਐਸ-5/899-18/ਆਰ.ਟੀ.ਆਈ. ਸੈੱਲ, ਮਿਤੀ 21-05-2018 ਰਾਹੀਂ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਹੋਇਆ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ, ਚੰਡੀਗੜ੍ਹ, 29 ਮਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**